**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ।

-------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਰੂਪਨਗਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਕਮਿਸ਼ਨਰ,
ਰੂਪਨਗਰ।

-------ਉੱਤਰਦਾਤਾ

ਅਪੀਲ ਕੇਸ ਨੰ:2312/2019

ਹਾਜ਼ਰ:-

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸਿਰੀ ਕਾਂਤ, ਕਲਰਕ (98884-97183)।

ਹੁਕਮ:

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 04-04-2019, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਰੂਪਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਅਮਰੀਕ ਸਿੰਘ, ਸੁਪਰਡੰਟ ਗਰੇਡ-2(ਜਨ), ਦਫ਼ਤਰ ਐਸ.ਡੀ.ਐਮ., ਚਮਕੌਰ ਸਹਿਬ ਨਾਲ ਸਬੰਧਤ 11 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 08-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 01-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 04-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸਿਰੀ ਕਾਂਤ, ਕਲਰਕ ਨੇ ਪੱਤਰ ਨੰ:105-2019/ਆਰ.ਟੀ.ਆਈ./393, ਮਿਤੀ 08-05-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੈ ਕਿ ਅਪੀਲਕਰਤਾ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ ਅਪੀਲ ਕੇਸ ਦਾਖਲ ਦਫ਼ਤਰ ਕੀਤਾ ਜਾਂਦਾ ਹੈ।

(ਨਿਪੱਜ਼ਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 04 ਸਤੰਬਰ, 2019.

Scanned by CamScanner

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਰੂਪਨਗਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਕਮਿਸ਼ਨਰ,
ਰੂਪਨਗਰ। -------ਉੱਤਰਦਾਤਾ

ਅਪੀਲ ਕੇਸ ਨੰ:2313/2019

ਹਾਜ਼ਰ:-

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸਿਰੀ ਕਾਂਤ, ਕਲਰਕ (98884-97183)।

ਹੁਕਮ:

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 04-04-2019, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਰੂਪਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਅਮਰੀਕ ਸਿੰਘ, ਸੁਪਰਡੰਟ ਗਰੇਡ-2(ਜਨ), ਦਫ਼ਤਰ ਐਸ.ਡੀ.ਐਮ., ਚਮਕੌਰ ਸਹਿਬ ਵਿੱਰੁਧ ਪ੍ਰਾਪਤ ਸ਼ਿਕਾਇਤਾਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 08-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 01-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 04-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸਿਰੀ ਕਾਂਤ, ਕਲਰਕ ਨੇ ਕਿਹਾ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੈ ਕਿ ਅਪੀਲਕਰਤਾ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ ਅਪੀਲ ਕੇਸ ਦਾਖਲ ਦਫ਼ਤਰ ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 04 ਸਤੰਬਰ, 2019.

Scanned by CamScanner

PUNJAB STATE INFORMATION COMMISSION
Red Cross Building, Near Rose Garden,
Sector 16, Chandigarh.
Ph: 0172-2864113, Email: - psic23@punjabmail.gov.in
Visit us: - www.infocommpunjab.com

ਸ੍ਰੀ ਬਲਜੀਤ ਸਿੰਘ (76965-00015)
ਪੁੱਤਰ ਸ਼੍ਰੀ ਬਚਨ ਸਿੰਘ,
64 ਐਚ.ਬੀ.ਆਰ.ਐੱਸ. ਨਗਰ, ------ਅਪੀਲਕਰਤਾ
ਲੁਧਿਆਣਾ।

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ,ਉਦਯੋਗ ਵਿਭਾਗ, ਪੰਜਾਬ,
ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸੰਯੁਕਤ ਡਾਇਰੈਕਟਰ, ਉਦਯੋਗ ਵਿਭਾਗ, ਪੰਜਾਬ, --------ਉੱਤਰਦਾਤਾ
ਚੰਡੀਗੜ੍ਹ।

**ਅਪੀਲ ਕੇਸ ਨੰ:2385 / 2019**

ਹਾਜ਼ਰ:-
1) ਸ੍ਰੀ ਬਹਾਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਮਰਜੀਤ ਸਿੰਘ, ਸੁਪਰਡੰਟ-ਕਮ- ਸਹਾਇਕ ਲੋਕ ਸੂਚਨਾ ਅਧਿਕਾਰੀ (94171-88131)

ਹੁਕਮ:

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-04-2019, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ,ਉਦਯੋਗ ਵਿਭਾਗ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਲੋਧੀ ਕਲੱਬ, ਲੁਧਿਆਣਾ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 03-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 04-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਵਾਉਣ ਮੰਗ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਮਰਜੀਤ ਸਿੰਘ, ਸੁਪਰਡੰਟ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਕਿਹਾ ਕਿ ਉਨ੍ਹਾਂ ਨੂੰ ਸੁਣਵਾਈ ਲਈ ਨੋਟਿਸ ਪ੍ਰਾਪਤ ਨਹੀਂ ਹੋਇਆ ਸੀ ਅਤੇ ਉਹ ਕਿਸੇ ਹੋਰ ਕੇਸ ਸਬੰਧੀ ਕਮਿਸ਼ਨ ਵਿਖੇ ਆਏ ਹਨ ਅਤੇ ਉਨ੍ਹਾਂ ਨੂੰ ਇੱਥੇ ਆ ਕੇ ਇਸ ਕੇਸ ਬਾਰੇ ਪਤਾ ਚੱਲਿਆ ਹੈ। ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਸਮੇਂ ਦੀ ਮੰਗ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਦੀ ਬੇਨਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਮਿਤੀ 25-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਪੇਂਦਰ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 03 ਸਤੰਬਰ, 2019.

Scanned by CamScanner

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਬਲਜਿੰਦਰ ਕੌਰ, (98725-84231)
ਪਤਨੀ ਸ਼੍ਰੀ ਵਰਿੰਦਰ ਸਿੰਘ,
ਪਿੰਡ ਤੇ ਡਾਕਖਾਨਾ ਨੱਤ,
ਤਹਿਸੀਲ ਤੇ ਜ਼ਿਲ੍ਹਾ, ਲੁਧਿਆਣਾ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੁਲਿਸ ਕਮਿਸ਼ਨਰ, ਲੁਧਿਆਣਾ। -------ਉੱਤਰਦਾਤਾ

ਸ਼ਿਕਾਇਤ ਕੇਸ ਨੰ:488/2019

ਹਾਜ਼ਰ:-

1) ਸ਼੍ਰੀਮਤੀ ਬਲਜਿੰਦਰ ਕੌਰ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨਦੇਵ ਸਿੰਘ, ਐਸ.ਆਈ.(78887-41866) ਅਤੇ ਸ਼੍ਰੀ ਸੁਭਾਸ਼ ਚੰਦ, ਏ.ਐਸ.ਆਈ. (80545-45992)

ਹੁਕਮ:

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 26-02-2019 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਸ਼ਿਕਾਇਤ ਨੰ:29-5ਡੀ, ਮਿਤੀ 01-02-2015 ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 22-07-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 16-08-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 04-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਪਵਨਦੇਵ ਸਿੰਘ, ਐਸ.ਆਈ. ਨੇ ਪੱਤਰ ਨੰ:305-ਡੀ, ਮਿਤੀ 29-08-2019 ਪੇਸ਼ ਕੀਤਾ ਹੈ ਜਿਸ ਅਨੁਸਾਰ ਮੁੱਖ ਅਫਸਰ ਥਾਣਾ ਡੇਹਲੋਂ, ਲੁਧਿਆਣਾ ਨੂੰ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਲਈ ਹਦਾਇਤ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਨਾਲ ਸੰਪਰਕ ਕਰਕੇ ਉਸ ਨੂੰ ਮੰਗੀ ਗਈ ਸੂਚਨਾ ਜਲਦੀ ਮੁਹੱਈਆ ਕਰਵਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 30-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਪੱਝਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 04 ਸਤੰਬਰ, 2019.

Scanned by CamScanner

PUNJAB STATE INFORMATION COMMISSION
Red Cross Building, Near Rose Garden,
Sector 16, Chandigarh.
Ph: 0172-2864113, Email: - psic23@punjabmail.gov.in
Visit us: - www.infocommpunjab.com

ਸ਼੍ਰੀਮਤੀ ਬਲਜਿੰਦਰ ਕੌਰ, (98725-84231)
ਪਤਨੀ ਸ਼੍ਰੀ ਵਰਿੰਦਰ ਸਿੰਘ,
ਪਿੰਡ ਤੇ ਡਾਕਖਾਨਾ ਨੱਤ,
ਤਹਿਸੀਲ ਤੇ ਜ਼ਿਲ੍ਹਾ, ਲੁਧਿਆਣਾ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਐਸ.ਐਚ.ਓ., ਪੁਲਿਸ ਥਾਣਾ ਡੇਹਲੋਂ,
ਜ਼ਿਲ੍ਹ ਲੁਧਿਆਣਾ। -------ਉੱਤਰਦਾਤਾ

ਸ਼ਿਕਾਇਤ ਕੇਸ ਨੰ:489/2019

ਹਾਜ਼ਰ:-

1) ਸ਼੍ਰੀਮਤੀ ਬਲਜਿੰਦਰ ਕੌਰ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਭਾਸ਼ ਚੰਦ, ਏ.ਐਸ.ਆਈ. (80545-45992)

ਹੁਕਮ:

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 23-01-2018 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਐਸ.ਐਚ.ਓ., ਪੁਲਿਸ ਥਾਣਾ ਡੇਹਲੋਂ, ਜ਼ਿਲ੍ਹਾ ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਸ਼ਿਕਾਇਤ ਨੰ:29-5ਡੀ, ਮਿਤੀ 01-02-2015 ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 22-05-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 16-08-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 04-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਸੁਭਾਸ਼ ਚੰਦ, ਏ.ਐਸ.ਆਈ. ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਨਾਲ ਸੰਪਰਕ ਕਰਕੇ ਉਸ ਨੂੰ ਮੰਗੀ ਗਈ ਸੂਚਨਾ ਜਲਦੀ ਮੁਹੱਈਆ ਕਰਵਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 30-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 04 ਸਤੰਬਰ, 2019.

Scanned by CamScanner

**PUNJAB STATE INFORMATION COMMISSION**
**.Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਮੁੱਖ ਸਿੰਘ, ਐਡਵੋਕੇਟ,
ਸਿਵਲ ਕੋਰਟਸ, ਸੁਨਾਮ,
ਚੈਂਬਰ ਨੰ:145, ਜ਼ਿਲ੍ਹਾ ਸੰਗਰੂਰ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਹਾਇਕ ਇੰਸਪੈਕਟਰ ਜਨਰਲ ਆਫ
ਪੁਲਿਸ (ਕਰਾਈਮਜ਼), ਪੰਜਾਬ,ਚੰਡੀਗੜ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:501/2019**

ਹਾਜ਼ਰ:-

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. (80545-45411) ਅਤੇ ਸ਼੍ਰੀ ਸੁਖਵਿੰਦਰ ਸਿੰਘ, ਏ.ਐਸ.ਆਈ.।

ਹੁਕਮ:

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-09-2018, ਲੋਕ ਸੂਚਨਾ ਅਧਿਕਾਰੀ ਦਫਤਰ ਸਹਾਇਕ ਇੰਸਪੈਕਟਰ ਜਨਰਲ ਆਫ ਪੁਲਿਸ (ਕਰਾਈਮਜ਼), ਪੰਜਾਬ,ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਸ਼ਿਕਾਇਤ ਨੰ:162 ਆਫ 17-05-2017 ਤਹਿਤ ਪਿਛਲੇ 10 ਸਾਲਾਂ ਦੌਰਾਨ ਝੂਠੀਆਂ ਐਫ.ਆਈ.ਆਰਜ਼/ਕੇਸਾਂ ਨੂੰ ਨਜਿੱਠਣ ਲਈ ਗਠਿਤ ਕੀਤੇ ਗਏ ਕਮਿਸ਼ਨ ਵੱਲੋਂ ਐਫ.ਆਈ.ਆਰ. ਨੰ:75 ਮਿਤੀ 20-03-2011 ਸਬੰਧੀ ਮਿਤੀ 12-02-2018 ਨੂੰ ਪਾਸ ਕੀਤੇ ਗਏ ਹੁਕਮਾਂ ਆਦਿ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-05-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 04-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:75-ਅਪੀਲ/ਆਰ.ਟੀ.ਆਈ., ਮਿਤੀ 03-09-2019 ਰਾਹੀਂ ਕਮਿਸ਼ਨ ਨੂੰ ਸੂਚਨਾ ਪੇਸ਼ ਕੀਤੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਇਆ ਗਿਆ ਹੈ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਸੂਚਨਾ ਦੀ ਕਾਪੀ ਰਜਿਸਟਰਡ ਡਾਕ ਰਾਹੀਂ ਸ਼ਿਕਾਇਤਕਰਤਾ ਨੂੰ ਭੇਜ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ ਸ਼ਿਕਾਇਤ ਕੇਸ ਦਾਖਲ ਦਫ਼ਤਰ ਕੀਤਾ ਜਾਂਦਾ ਹੈ।

(ਨਿਰਭੈਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 04 ਸਤੰਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

Scanned by CamScanner

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਪੰਜਾਬ ਰਾਜ ਸੂਚਨਾ ਕਮਿਸ਼ਨ PSIC Punjab State Information Commission

ਸ਼੍ਰੀ ਰਾਜੇਸ ਗੁਪਤਾ, (94639-90768)
ਮਕਾਨ ਨੰ:738, ਸੈਕਟਰ 41-ਏ,
ਚੰਡੀਗੜ੍ਹ। ----------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ ਆਫ ਫਰਮਜ਼ ਅਤੇ ਸੋਸਾਇਟੀਜ਼,
ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਸੰਯੁਕਤ ਡਾਇਰੈਕਟਰ,
ਉਦਯੋਗ ਵਿਭਾਗ, ਪੰਜਾਬ,
ਚੰਡੀਗੜ੍ਹ। ---------ਉੱਤਰਦਾਤਾ

**ਅਪੀਲ ਕੇਸ ਨੰ: 1832/2019**

ਹਾਜ਼ਰ:-

1) ਸ਼੍ਰੀ ਰਾਜੇਸ ਗੁਪਤਾ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਮਰਜੀਤ ਸਿੰਘ, ਸੁਪਰਡੰਟ-ਕਮ- ਸਹਾਇਕ ਲੋਕ ਸੂਚਨਾ ਅਧਿਕਾਰੀ (94171-88131)

**ਹੁਕਮ:**

ਪਿਛਲੀ ਪੇਸ਼ੀ, ਮਿਤੀ 07-08-2019 ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਸੀ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 04-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਮਰਜੀਤ ਸਿੰਘ, ਸੁਪਰਡੰਟ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਕਿਹਾ ਕਿ ਅਪੀਲਕਰਤਾ ਨੂੰ ਸੂਚਨਾ ਦਿੱਤੀ ਜਾ ਚੁੱਕੀ ਹੈ। ਅਪੀਲਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਅੱਜ ਹੀ ਸੂਚਨਾ ਪ੍ਰਾਪਤ ਹੋਈ ਹੈ ਅਤੇ ਸੂਚਨਾ ਚੈੱਕ ਕਰਨ ਲਈ ਸਮੇਂ ਦੀ ਮੰਗ ਕੀਤੀ ਹੈ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 16-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 04 ਸਤੰਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾ

Scanned by CamScanner

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦੇਵਿੰਦਰ ਸਿੰਘ,
ਪੁੱਤਰ ਸ਼੍ਰੀ ਮਲਕੀਤ ਸਿੰਘ,
ਵਾਸੀ ਢਿਲਵਾਂ ਨਾਭਾ,
ਤਹਿਸੀਲ ਤਪਾ, ਜ਼ਿਲ੍ਹਾ ਬਰਨਾਲਾ।

-------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਗੁਰੂ ਗੋਬਿੰਦ ਸਿੰਘ ਕਾਲਿਜ, ਸੰਘੇੜਾ,
ਬਰਨਾਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ,
ਈ-ਬਲਾਕ, 7ਵੀਂ ਮੰਜ਼ਿਲ, ਫੇਸ-8,
ਮੁਹਾਲੀ।

-------ਉੱਤਰਦਾਤਾ

**ਅਪੀਲ ਕੇਸ ਨੰ:2498 ਆਫ 2014**

**ਹਾਜ਼ਰ:**

1) ਅਪੀਲਕਰਤਾ ਵੱਲੋਂ ਸ਼੍ਰੀ ਤੁਸ਼ਾਂਤ ਦੀਪ ਗਰਗ, ਐਡਵੋਕੇਟ (99881-32424)।
2) ਉਤਰਦਾਤਾ ਵੱਲੋਂ ਸ਼੍ਰੀ ਹਰੀਹੰਤ ਗੋਇਲ, ਐਡਵੋਕੇਟ (88721-00053)।

**ਹੁਕਮ:**

ਪਿਛਲੀ ਪੇਸ਼ੀ, ਮਿਤੀ 07-08-2019 ਤੇ ਦੋਵਾਂ ਧਿਰਾਂ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਦੋਵਾਂ ਧਿਰਾਂ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 04-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਦੇ ਨੁਮਾਇੰਦੇ ਨੇ ਕਿਹਾ ਕਿ ਉਸ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੇ ਨੁਮਾਇੰਦੇ ਨੇ ਕੁੱਝ ਸਮੇਂ ਮੰਗ ਕੀਤੀ ਹੈ।ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ.ਅਰਜ਼ੀ ਅਨੁਸਾਰ ਵਿਸਥਾਰ-ਪੂਰਵਕ, ਨੁਕਤਾ-ਵਾਰ ਜਵਾਬ ਅਪੀਲਕਰਤਾ ਨੂੰ ਭੇਜਿਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 17-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਜ਼ਾਂਦਾ ਹੈ।

(ਨਿਧੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 04 ਸਤੰਬਰ, 2019.

Scanned by CamScanner

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

PSIC

ਡਾਕਟਰ ਨਰੇਸ਼ਪਾਲ ਸਿੰਘ ਸੈਣੀ, (94173-84692)
ਪ੍ਰੋਫੈਸਰ, ਡਿਪਾਰਟਮੈਂਟ ਆਫ ਫਿਜ਼ਿਕਸ,
ਗੁਰੂ ਨਾਨਕ ਦੇਵ ਯੂਨੀਵਰਸਿਟੀ,
ਅੰਮ੍ਰਿਤਸਰ। --------ਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ,
ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ-ਕਮ-ਵਾਈਸ ਚਾਂਸਲਰ,
ਗੁਰੂ ਨਾਨਕ ਦੇਵ ਯੂਨੀਵਰਸਟੀ,ਅੰਮ੍ਰਿਤਸਰ। ---------ਉੱਤਰਦਾਤਾ

ਅਪੀਲ ਕੇਸ ਨੰ: 1887/2019

ਹਾਜ਼ਰ:- 1) ਡਾਕਟਰ ਨਰੇਸ਼ਪਾਲ ਸਿੰਘ ਸੈਣੀ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕਰਨਜੀਤ ਸਿੰਘ ਕਾਹਲੋਂ, ਰਜਿਸਟਰਾਰ

ਹੁਕਮ:

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 06-11-2018, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ 01-04-2017 ਤੋਂ 31-08-2017 ਤੱਕ ਦੇ ਸਮੇਂ ਨਾਲ ਸਬੰਧਤ ਸੀ.ਏ.ਐਸ ਅਧੀਨ ਰਿਜੈਕਸ਼ਨ ਬਾਰੇ ਅਧਿਆਪਕਾਂ ਕੇ ਕੇਸਾਂ ਨੂੰ ਮੁੜ ਵਿਚਾਰਨ ਲਈ ਸ਼੍ਰੀ ਅਨੁਰਾਗ ਵਰਮਾ, ਆਈ.ਏ.ਐਸ., ਵਾਈਸ ਚਾਂਸਲਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵੱਲੋਂ ਸਥਾਪਿਤ ਕੀਤੀ ਗਈ ਕਮੇਟੀ ਦੀ ਕਾਰਵਾਈ ਅਤੇ ਫੈਸਲੇ ਨਾਲ ਸਬੰਧਤ 08 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 21-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 12-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 13-08-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮਨਜੀਤ ਸਿੰਘ, ਸਹਾਇਕ ਰਜਿਸਟਰਾਰ ਨੇ ਕਿਹਾ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਰਿਕਾਰਡ ਉਨ੍ਹਾਂ ਕੋਲ ਮੌਜੂਦ ਨਹੀਂ ਹੈ ਜਿਸ ਕਰਕੇ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:646/ਆਰ.ਟੀ.ਆਈ., ਮਿਤੀ 08-08-2019, ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਸੀ, ਰਾਹੀਂ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਸੀ।ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ। ਜੇਕਰ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਉਨ੍ਹਾਂ ਦੇ ਰਿਕਾਰਡ ਵਿੱਚ ਮੌਜੂਦ ਨਾ ਹੋਵੇ ਤਾਂ ਉਸ ਬਾਰੇ ਨੋਟਰੀ ਪਬਲਿਕ ਕੋਲੋਂ ਤਸਦੀਕ-ਸ਼ੁਦਾ ਹਲਫੀਆ-ਬਿਆਨ ਰਾਹੀਂ ਆਪਣਾ ਜਵਾਬ ਪੇਸ਼ ਕੀਤਾ ਜਾਵੇ ਅਤੇ ਹਲਫੀਆ-ਬਿਆਨ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਭੇਜੀ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 04-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕਰਨਜੀਤ ਸਿੰਘ ਕਾਹਲੋਂ, ਰਜਿਸਟਰਾਰ ਨੇ ਕਮਿਸ਼ਨ ਦੇ ਹੁਕਮ, ਮਿਤੀ 13-08-2019 ਦੀ ਪਾਲਣਾ ਹਿੱਤ ਲੋੜੀਂਦਾ ਹਲਫੀਆ-ਬਿਆਨ ਪੇਸ਼ ਕੀਤਾ ਹੈ ਜੋ ਕਿ

ਪਰਤੋ ਜੀ---ਚਲਦਾ ਪੰਨਾ/2

Scanned by CamScanner

PUNJAB STATE INFORMATION COMMISSION
Red Cross Building, Near Rose Garden,
Sector 16, Chandigarh.
Ph: 0172-2864113, Email: - psic23@punjabmail.gov.in
Visit us: - www.infocommpunjab.com



ਅਪੀਲ ਕੇਸ ਨੰ: 1887/2019

ਅਸਿਲ ਰੂਪ ਵਿੱਚ ਅਪੀਲਕਰਤਾ ਨੂੰ ਦੇ ਦਿੱਤਾ ਗਿਆ ਹੈ ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਪ੍ਰਗਟਾਈ ਹੈ। ਹਲਫੀਆ-ਬਿਆਨ ਦੀ ਇੱਕ ਕਾਪੀ ਕਮਿਸ਼ਨ ਵੱਲੋਂ ਮਿਸਲ ਤੇ ਰੱਖ ਲਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ ਅਪੀਲ ਕੇਸ ਦਾਖਲ ਦਫ਼ਤਰ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 04 ਸਤੰਬਰ, 2019.

Scanned by CamScanner

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ,
ਪੁੱਤਰ ਸ਼੍ਰੀ ਮਨਵਿੰਦਰ ਸਿੰਘ,
ਪਿੰਡ ਖਿਲਚੀਆਂ,
ਤਹਿਸੀਲ ਬਾਬਾ ਬਕਾਲਾ ਸਾਹਿਬ,
ਜ਼ਿਲ੍ਹਾ ਅੰਮ੍ਰਿਤਸਰ।

-------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ,
ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫਤਰ ਉਪ ਮੰਡਲ ਮੈਜਿਸਟਰੇਟ,
ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ।

ਸ਼੍ਰੀ ਅਸ਼ੋਕ ਕੁਮਾਰ, ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ,
ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ।

-----ਉੱਤਰਦਾਤਾ

**ਅਪੀਲ ਕੇਸ ਨੰ:1166/2019**

ਹਾਜ਼ਰ:-

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

ਹੁਕਮ:

ਪਿਛਲੀ ਪੇਸ਼ੀ, ਮਿਤੀ 13-08-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 12-08-2019 ਰਾਹੀਂ ਭੇਜੇ ਗਏ ਪੱਤਰ, ਮਿਤੀ 12-08-2019 ਦੁਆਰਾ ਕਮਿਸ਼ਨ ਨੂੰ ਸੂਚਿਤ ਕਰਦੇ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਰਜਿਸਟਰਡ ਡਾਕ ਰਾਹੀਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਸੀ। ਉੱਤਰਦਾਤਾ ਵੱਲੋਂ ਵੀ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਫਿਰ ਵੀ ਉੱਤਰਦਾਤਾ, ਸ਼੍ਰੀ ਅਸ਼ੋਕ ਕੁਮਾਰ, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਨੂੰ ਜਾਰੀ ਕੀਤੇ ਗਏ ਕਾਰਨ-ਦੱਸੋ ਨੋਟਿਸ ਦਾ ਜਵਾਬ ਪੇਸ਼ ਕਰਨ ਲਈ ਉਨ੍ਹਾਂ ਨੂੰ ਆਖਰੀ ਮੌਕਾ ਦਿੱਤਾ ਗਿਆ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 04-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਪੱਤਰ ਮਿਤੀ 04-09-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਰਜਿਸਟਰਡ ਡਾਕ ਰਾਹੀਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕਰਦੇ ਹੋਏ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਿਰੁੱਧ ਕਾਰਵਾਈ ਕਰਨ ਲਈ ਵੀ ਬੇਨਤੀ ਕੀਤੀ ਹੈ।ਅਪੀਲਕਰਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ ਵੱਲੋਂ ਅੱਜ ਫਿਰ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਈ.ਮੇਲ, ਮਿਤੀ 04-09-2019 ਰਾਹੀਂ ਆਪਣਾ ਜਵਾਬ ਕਮਿਸ਼ਨ ਨੂੰ ਭੇਜਦੇ ਇਹ ਵੀ ਦੱਸਿਆ ਗਿਆ ਹੈ ਕਿ ਲੋਕ ਸੂਚਨਾ ਅਧਿਕਾਰੀ-ਕਮ-ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ, ਘਰੇਲੂ ਜ਼ਰੂਰੀ ਕੰਮ ਕਾਰਨ ਪਿਛਲੇ ਕੁੱਝ ਦਿਨਾਂ ਤੋਂ ਛੁੱਟੀ ਤੇ ਚੱਲ ਰਹੇ ਹਨ। ਸ਼੍ਰੀ ਅਸ਼ੋਕ ਕੁਮਾਰ, ਲੋਕ ਸੂਚਨਾ ਅਧਿਕਾਰੀ-ਕਮ-ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਨੂੰ ਜਾਰੀ ਕੀਤੇ ਗਏ ਕਾਰਨ-ਦੱਸੋ ਨੋਟਿਸ ਦਾ ਜਵਾਬ ਪੇਸ਼ ਕਰਨ ਲਈ ਇੱਕ ਹੋਰ ਮੌਕਾ ਦਿੱਤਾ ਜਾਂਦਾ ਹੈ।ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 30-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 04 ਸਤੰਬਰ, 2019.

Scanned by CamScanner

0\-

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਤੇਜਿੰਦਰ ਸਿੰਘ,
ਪੁੱਤਰ ਸ਼੍ਰੀ ਮਨਵਿੰਦਰ ਸਿੰਘ,
ਪਿੰਡ ਖਿਲਚੀਆਂ,
ਤਹਿਸੀਲ ਬਾਬਾ ਬਕਾਲਾ ਸਾਹਿਬ,
ਜ਼ਿਲ੍ਹਾ ਅੰਮ੍ਰਿਤਸਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ (ਦਿਹਾਤੀ),
ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ-ਕਮ-
ਡਿਪਟੀ ਇੰਸਪੈਕਟਰ ਜਨਰਲ, ਪੁਲਿਸ,
ਬਾਰਡਰ ਰੇਂਜ, ਅੰਮ੍ਰਿਤਸਰ। -----ਉੱਤਰਦਾਤਾ

ਅਪੀਲ ਕੇਸ ਨੰ:1171/2019

ਹਾਜ਼ਰ:-

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਰਜੀਤ ਸਿੰਘ, ਏ.ਐਸ.ਆਈ.(98159-34484)।

ਹੁਕਮ:

ਪਿਛਲੀ ਪੇਸ਼ੀ, ਮਿਤੀ 13-08-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 09-08-2019 ਰਾਹੀਂ ਭੇਜੇ ਗਏ ਕਮਿਸ਼ਨ ਨੂੰ ਸੰਬੋਧਿਤ ਪੱਤਰ, ਮਿਤੀ 09-08-2019 ਦੁਆਰਾ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਵੱਲੋਂ ਪੱਤਰ ਮਿਤੀ 29-07-2019 ਰਾਹੀਂ ਲੋਕ ਸੂਚਨਾ ਅਧਿਕਾਰੀ ਨੂੰ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਸੂਚਿਤ ਕਰਨ ਦੇ ਬਾਵਜੂਦ ਵੀ ਉਸ ਨੂੰ ਮੰਗੀ ਗਈ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਰਜਿਸਟਰਡ ਡਾਕ ਰਾਹੀਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਸੀ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਆਰ.ਟੀ. ਆਈ. ਐਕਟ, 2005 ਤਹਿਤ ਬਣਦੀ ਸੂਚਨਾ ਰਜਿਸਟਰਡ ਡਾਕ ਰਾਹੀਂ ਉਸ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 04-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਪੱਤਰ ਮਿਤੀ 04-09-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਰਜਿਸਟਰਡ ਡਾਕ ਰਾਹੀਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕਰਦੇ ਹੋਏ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਿਰੁੱਧ ਕਾਰਵਾਈ ਕਰਨ ਲਈ ਵੀ ਬੇਨਤੀ ਕੀਤੀ ਹੈ।ਅਪੀਲਕਰਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜਰ ਸ਼੍ਰੀ ਸੁਰਜੀਤ ਸਿੰਘ, ਏ.ਐਸ.ਆਈ. ਨੇ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਦਾ ਭਰੋਸਾ ਦਿੰਦੇ ਹੋਏ ਕੁੱਝ ਸਮੇਂ ਦੀ ਮੰਗ ਕੀਤੀ ਹੈ। ਹਾਜ਼ਰ ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਉਸ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਆਰ.ਟੀ.ਆਈ.ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 30-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 04 ਸਤੰਬਰ, 2019.

Scanned by CamScanner

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭੁਪਿੰਦਰ ਸਿੰਘ (ਮੋਬ: 94170-16572)
ਪੁੱਤਰ ਸ਼੍ਰੀ ਅਜੀਤ ਸਿੰਘ,
ਮਕਾਨ ਨੰ:23, ਆਤਮ ਨਗਰ, ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ (ਪੂਰਬੀ), ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਵਧੀਕ ਡਿਪਟੀ ਕਮਿਸ਼ਨਰ, ਲੁਧਿਆਣਾ। ------ਉੱਤਰਦਾਤਾ

ਅਪੀਲ ਕੇਸ ਨੰ: 947/2019

ਹਾਜ਼ਰ:-

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਕੋਈ ਨਹੀਂ।

ਹੁਕਮ:

ਪੇਸ਼ੀ, ਮਿਤੀ 06-08-2019 ਤੇ ਅਪੀਲਕਰਤਾ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਅਧਿਕਾਰਿਤ ਨੁਮਾਇੰਦੇ, ਸ਼੍ਰੀ ਸਰਬਜੀਤ ਸਿੰਘ ਕਾਹਲੋਂ ਰਾਹੀਂ ਈ.ਮੇਲ. ਮਿਤੀ 05-08-2019 ਰਾਹੀਂ ਦੱਸਿਆ ਸੀ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਅਲਕਾ, ਕਲਰਕ ਦਫ਼ਤਰ ਤਹਿਸੀਲਦਾਰ (ਪੂਰਬੀ) ਲੁਧਿਆਣਾ ਨੇ ਪਹਿਲਾਂ ਕਿਹਾ ਕਿ ਅਪੀਲਕਰਤਾ ਨੂੰ ਦਿੱਤੀ ਜਾਣ ਵਾਲੀ ਸੂਚਨਾ ਦਾ ਸਬੰਧ ਤਹਿਸੀਲਦਾਰ (ਦੱਖਣੀ) ਨਾਲ ਹੈ ਪਰੰਤੂ ਬਾਅਦ ਵਿੱਚ ਕਿਹਾ ਗਿਆ ਕਿ ਦਿੱਤੀ ਜਾ ਵਾਲੀ ਸੂਚਨਾ ਦਾ ਸਬੰਧ ਤਹਿਸੀਲਦਾਰ (ਕੇਂਦਰੀ) ਨਾਲ ਹੈ। ਇਸ ਤਰ੍ਹਾਂ ਹਾਜ਼ਰ ਉੱਤਰਦਾਤਾ ਇਹ ਸਪੱਸ਼ਟ ਨਹੀਂ ਕਰ ਸਕੀ ਕਿ ਅਪੀਲਕਰਤਾ ਨੂੰ ਦਿੱਤੀ ਜਾਣ ਵਾਲੀ ਸੂਚਨਾ ਦਾ ਸਬੰਧ ਅਸਲ ਵਿੱਚ ਕਿਸ ਲੋਕ ਸੂਚਨਾ ਅਧਿਕਾਰੀ ਨਾਲ ਹੈ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਆਪਣਾ ਜਵਾਬ ਹਲਫੀਆ-ਬਿਆਨ ਰਾਹੀਂ ਪੇਸ਼ ਕੀਤਾ ਜਾਵੇ ਕਿ ਅਪੀਲਕਰਤਾ ਨੂੰ ਦਿੱਤੀ ਜਾਣ ਵਾਲੀ ਸੂਚਨਾ ਦਾ ਸਬੰਧ ਅਸਲ ਵਿੱਚ ਕਿਸ ਲੋਕ ਸੂਚਨਾ ਅਧਿਕਾਰੀ ਨਾਲ ਹੈ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 13-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪੇਸ਼ੀ, ਮਿਤੀ 13-08-2019 ਤੇ ਫਿਰ ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵੱਲੋਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ।ਇਸ ਤੋਂ ਇਲਾਵਾ ਪਿਛਲੀ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਅਲਕਾ, ਕਲਰਕ ਦਫ਼ਤਰ ਤਹਿਸੀਲਦਾਰ (ਪੂਰਬੀ) ਲੁਧਿਆਣਾ ਵੱਲੋਂ ਕਮਿਸ਼ਨ ਦੇ ਹੁਕਮ, ਮਿਤੀ 06-08-2019 ਦੀ ਪਾਲਣਾ ਹਿੱਤ ਆਪਣਾ ਜਵਾਬ ਵੀ ਪੇਸ਼ ਨਹੀਂ ਕੀਤਾ ਗਿਆ ਸੀ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸਖਤ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਇਸ ਕੇਸ ਦੀ ਸਥਿਤੀ ਸਪੱਸ਼ਟ ਕੀਤੀ ਜਾਵੇ ਅਤੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਣਾ ਵੀ ਯਕੀਨੀ ਬਣਾਇਆ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 04-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।

3. ਅੱਜ ਫਿਰ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਤਹਿਸੀਲਦਾਰ, ਲੁਧਿਆਣਾ (ਪੂਰਬੀ) ਵੱਲੋਂ ਆਪਣੇ ਪੱਤਰ ਨੰ:571, ਮਿਤੀ 28-08-2019 ਰਾਹੀਂ ਹਲਫੀਆ-ਬਿਆਨ

ਪਰਤੋ ਜੀ----ਚਲਦਾ ਪੰਨਾ/2

Scanned by CamScanner

PUNJAB STATE INFORMATION COMMISSION
Red Cross Building, Near Rose Garden,
Sector 16, Chandigarh.
Ph: 0172-2864113, Email: - psic23@punjabmail.gov.in
Visit us: - www.infocommpunjab.com



ਅਪੀਲ ਕੇਸ ਨੰ: 947/2019

ਪੇਸ਼ ਕਰਦੇ ਹੋਏ ਸਪੱਸ਼ਟ ਕੀਤਾ ਗਿਆ ਹੈ ਕਿ ਤਹਿਸੀਲ ਲੁਧਿਆਣਾ ਸੈਂਟਰਲ ਅਤੇ ਤਹਿਸੀਲ, ਲੁਧਿਆਣਾ (ਦੱਖਣੀ) ਇੱਕ ਹੀ ਤਹਿਸੀਲ ਹੈ ਜਿਸ ਦੇ ਦੋ ਨਾਮ ਹਨ।

4. ਪੇਸ਼ੀ, ਮਿਤੀ 13-08-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸਖਤ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਇਸ ਕੇਸ ਦੀ ਸਥਿਤੀ ਸਪੱਸ਼ਟ ਕੀਤੀ ਜਾਵੇ ਅਤੇ ਪਿਛਲੀ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਣਾ ਵੀ ਯਕੀਨੀ ਬਣਾਇਆ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਪਰੰਤੂ ਕਮਿਸ਼ਨ ਦੇ ਹੁਕਮਾਂ ਦੀ ਕੋਈ ਪ੍ਰਵਾਹ ਨਾ ਕਰਦੇ ਹੋਏ ਅੱਜ ਫਿਰ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਬਾਰੇ ਸਪੱਸ਼ਟ ਕੀਤਾ ਗਿਆ ਹੈ। ਇਸ ਲਈ ਉੱਤਰਦਾਤਾ ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ, ਲੁਧਿਆਣਾ (ਦੱਖਣੀ) ਨੂੰ ਆਖਰੀ ਮੌਕਾ ਦਿੰਦੇ ਹੋਏ ਮੁੜ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਇਸ ਕੇਸ ਦੀ ਸਥਿਤੀ ਸਪੱਸ਼ਟ ਕੀਤੀ ਜਾਵੇ ਅਤੇ ਲਗਾਤਾਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਣਾ ਵੀ ਯਕੀਨੀ ਬਣਾਇਆ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 30-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਪੱਤ੍ਰਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 04 ਸਤੰਬਰ, 2019.

ਕਾਪੀ:-

ਲੋਕ ਸੂਚਨਾ ਅਧਿਕਾਰੀ-ਕਮ-
ਤਹਿਸੀਲਦਾਰ, ਲੁਧਿਆਣਾ (ਦੱਖਣੀ)।

Scanned by CamScanner

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

PSIC ਪੰਜਾਬ ਰਾਜ ਸੂਚਨਾ ਕਮਿਸ਼ਨ Punjab State Information Commission

ਸ਼੍ਰੀ ਗੁਰਿੰਦਰ ਸਿੰਘ, (9872400990)
1098/2-ਐਫ, ਗਲੀ ਨੰ: 23,
ਪੰਜਾਬ ਮਾਤਾ ਨਗਰ,ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ, ਫੇਜ਼ 8, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ, ਫੇਜ਼ 8, ਮੁਹਾਲੀ। -------ਉੱਤਰਦਾਤਾ

ਅਪੀਲ ਕੇਸ ਨੰ:1924/2019

ਹਾਜ਼ਰ:-

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹੇਮ ਚੰਦ, ਸੀਨੀਅਰ ਸਹਾਇਕ (96468-23270)।

ਹੁਕਮ:

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 18-01-2019, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕਮਲਾ ਲੋਹਟੀਆ ਐਸ.ਡੀ. ਕਾਲਿਜ, ਲੁਧਿਆਣਾ ਨੂੰ ਅਕੈਡਮਿਕ ਸੈਸ਼ਨ, 1992-93 ਲਈ ਜਾਰੀ ਕੀਤੇ ਗਏ ਐਨ.ਓ.ਸੀ. ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 12-07-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 14-08-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 14-08-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹੇਮ ਚੰਦ, ਸੀਨੀਅਰ ਸਹਾਇਕ ਨੇ ਪੱਤਰ ਨੰ:4/9-2019 ਕਾ ਐਜੂ(1)/623-24, ਮਿਤੀ 29-07-2019 ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਸੀ, ਦੀ ਦਫ਼ਤਰੀ ਕਾਪੀ ਪੇਸ਼ ਕਰਦੇ ਹੋਏ ਕਿਹਾ ਸੀ ਕਿ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ।ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵੱਲੋਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਫਿਰ ਵੀ ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 04-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਫਿਰ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹੇਮ ਚੰਦ, ਸੀਨੀਅਰ ਸਹਾਇਕ ਨੇ ਪੱਤਰ ਨੰ:4/9-2019 ਕਾ ਐਜੂ(1)/, ਮਿਤੀ 04-09-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਕਮਿਸ਼ਨ ਦੇ ਹੁਕਮ, ਮਿਤੀ 14-08-2019 ਅਨੁਸਾਰ ਅਪੀਲਕਰਤਾ ਵੱਲੋਂ ਉਸ ਨੂੰ ਭੇਜੀ ਗਈ ਸੂਚਨਾ ਵਿੱਚ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਅਜੇ ਤੱਕ ਉੱਤਰਦਾਤਾ ਨੂੰ ਸੂਚਿਤ ਨਹੀਂ ਕੀਤਾ ਗਿਆ। ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਇਹ ਕੇਸ ਦਾਖਲ ਦਫ਼ਤਰ ਕਰਨ ਲਈ ਬੇਨਤੀ ਕੀਤੀ ਗਈ ਹੈ।

4. ਅਪੀਲਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ

ਪਰਤੋ ਜੀ----ਚਲਦਾ ਪੰਨਾ/2

Scanned by CamScanner

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

PSIC Punjab State Information Commission ਪੰਜਾਬ ਰਾਜ ਸੂਚਨਾ ਕਮਿਸ਼ਨ



ਅਪੀਲ ਕੇਸ ਨੰ:1924/2019

ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

5. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕੀਤੀ ਜਾ ਚੁੱਕੀ ਹੈ। ਅਪੀਲਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਸੂਜਨਾ ਵਿੱਚ ਪਾਈ ਗਈ ਕਿਸੇ ਤਰੁੱਟੀ ਬਾਰੇ ਉੱਤਰਦਾਤਾ ਜਾਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ।ਇਸ ਤੋਂ ਜ਼ਾਹਿਰ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ ਅਪੀਲ ਕੇਸ ਦਾਖਲ ਦਫ਼ਤਰ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 04 ਸਤੰਬਰ, 2019.

Scanned by CamScanner